ਐਸ.ਏ.ਐਸ ਨਗਰ
ਅਜੀਤ ਚੰਡੀਗੜ੍ਹ
ਅਜੀਤ
ਵੀਰਵਾਰ, 14 ਮਈ 2026

ਐੱਸ. ਏ. ਐੱਸ. ਨਗਰ, (ਤਰਵਿੰਦਰ ਸਿੰਘ ਬੈਨੀਪਾਲ)- ਸੀ. ਬੀ. ਐੱਸ. ਈ. ਵਲੋਂ 12ਵੀਂ ਸ਼੍ਰੇਣੀ ਦੀ ਪ੍ਰੀਖਿਆ ਅਕਾਦਮਿਕ ਸਾਲ 2025-26 ਦੀ ਸਾਲਾਨਾ ਪ੍ਰੀਖਿਆ ਦੇ ਐਲਾਨੇ ਨਤੀਜੇ ਵਿਚ ਮੁਹਾਲੀ ਸ਼ਹਿਰ ਦੇ ਵੱਖ-ਵੱਖ ਸਕੂਲਾਂ ਦੇ ਨਤੀਜੇ ਸ਼ਾਨਦਾਰ ਰਹੇ ਅਤੇ ਇਸ ਸਾਲ ਵੀ ਜ਼ਿਆਦਾਤਰ ਸਕੂਲਾਂ ਵਿਚ ਲੜਕੀਆਂ ਲੜਕਿਆਂ ਤੋਂ ਅੱਗੇ ਰਹੀਆਂ ਹਨ। ਸ਼ੈਮਰਾਕ ਸੀਨੀਅਰ ਸੈਕੰਡਰੀ ਸਕੂਲ ਸੈਕਟਰ-69 ਦੀ ਪ੍ਰਿੰ. ਪ੍ਰਨੀਤ ਸੋਹਲ ਨੇ ਦੱਸਿਆ ਕਿ ਸ਼ੈਮਰਾਕ ਸਕੂਲ ਦੇ ਵਿਦਿਆਰਥੀਆਂ ਨੇ 12ਵੀਂ ਸ਼੍ਰੇਣੀ ਦੀ ਪ੍ਰੀਖਿਆ ਵਿਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ। ਉਨ੍ਹਾਂ ਦੱਸਿਆ ਕਿ 12ਵੀਂ ਸ਼੍ਰੇਣੀ 'ਚ ਕਾਮਰਸ ਗਰੁੱਪ ਦੀ ਵਿਦਿਆਰਥਣ ਮੰਨਤ ਨੇ 97.8 ਫ਼ੀਸਦੀ ਅੰਕ ਪ੍ਰਾਪਤ ਕਰਕੇ ਸਕੂਲ 'ਚੋਂ ਪਹਿਲਾ,



ਸ਼ੈਮਰਾਕ ਸੀਨੀਅਰ ਸੈਕੰਡਰੀ ਸਕੂਲ ਸੈਕਟਰ-69 ਦੇ ਹੋਣਹਾਰ ਪ੍ਰੀਖਿਆਰਥੀ। ਅਜੀਤ ਤਸਵੀਰਾਂ

ਸਾਇੰਸ ਗਰੁੱਪ ਦੇ ਵਿਦਿਆਰਥੀ ਇਸ਼ਮੀਤ ਸਿੰਘ ਨੇ 95.2 ਫ਼ੀਸਦੀ ਅੰਕ ਪ੍ਰਾਪਤ ਕਰਕੇ ਦੂਜਾ ਤੇ ਹਿਊਮੈਨਟੀਜ਼ ਗਰੁੱਪ ਦੇ ਵਿਦਿਆਰਥੀ ਰਾਜਸਵੀ ਸ਼ਰਮਾ ਨੇ 93.8 ਫ਼ੀਸਦੀ ਅੰਕ ਪ੍ਰਾਪਤ ਕਰਕੇ ਤੀਜਾ ਸਥਾਨ ਪ੍ਰਾਪਤ ਕੀਤਾ ਹੈ। ਇਸੇ ਤਰ੍ਹਾਂ ਸੰਤ ਈਸ਼ਰ ਸਿੰਘ ਪਬਲਿਕ ਸਕੂਲ ਫੇਜ਼-7 ਮੁਹਾਲੀ ਦੀ ਪ੍ਰਿੰ. ਇੰਦਰਜੀਤ ਕੌਰ ਸੰਧੂ ਨੇ ਦੱਸਿਆ ਕਿ 12ਵੀਂ ਸ਼੍ਰੇਣੀ ਦਾ ਨਤੀਜਾ ਸ਼ਾਨਦਾਰ ਰਿਹਾ ਹੈ । ਇਨ੍ਹਾਂ ਨਤੀਜਿਆਂ ਅਨੁਸਾਰ ਹਸ਼ਰਤ ਨੇ 95 ਫ਼ੀਸਦੀ, ਸਿਦਕ ਸਿੱਧੂ ਨੇ 93 ਫ਼ੀਸਦੀ ਤੇ ਅਨਮੋਲ ਵਰਮਾ ਨੇ 93 ਫ਼ੀਸਦੀ ਅੰਕ ਪ੍ਰਾਪਤ ਕਰਕੇ ਸਕੂਲ ਤੇ ਮਾਪਿਆਂ ਨਾਂਅ ਰੌਸ਼ਨ ਕੀਤਾ ਹੈ। ਇਸੇ ਦੌਰਾਨ ਸਕੂਲ ਦੇ ਡਾਇਰੈਕਟਰ ਪਵਨਦੀਪ ਕੌਰ ਗਿੱਲ ਨੇ ਇਸ ਪ੍ਰਦਰਸ਼ਨ ਲਈ ਵਿਦਿਆਰਥੀਆਂ, ਅਧਿਆਪਕਾਂ ਤੇ ਉਨ੍ਹਾਂ ਦੇ ਮਾਪਿਆਂ ਨੂੰ ਮੁਬਾਰਕਬਾਦ ਦਿੱਤੀ।